# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 16-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰੀ ਮੰਤਰੀ ਮੰਡਲ ਨੇ ਖੇਤੀਬਾੜੀ ਉਤਪਾਦਕਤਾ ਵਧਾਉਣ ਲਈ ਪ੍ਰਧਾਨ ਮੰਤਰੀ ਧਨ ਧਾਨਯ ਕ੍ਰਿਸ਼ੀ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਮੀਨ ਹੇਠਲੇ ਪਾਣੀ ਨੂੰ ਬਚਾਉਣ ਅਤੇ ਵਾਤਾਵਰਨ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਲੋਕਾਂ ਨੂੰ ਹਲਫ਼ ਲੈਣ ਦਾ ਸੱਦਾ ਦਿੱਤਾ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੁਹਾਲੀ ਵਿਖੇ ਨਸ਼ਾ ਵਿਰੋਧੀ ਸੈਮੀਨਾਰ ਵਿੱਚ ਸ਼ਿਰਕਤ ਕਰਦਿਆਂ ਨੌਜਵਾਨਾਂ ਨੂੰ, ਨਸ਼ਿਆਂ ਖਿਲਾਫ ਅੱਗੇ ਆਉਣ ਲਈ ਪ੍ਰੇਰਿਆ ।
- ਪੰਜਾਬ ਨੇ ਵੱਕਾਰੀ 'ਰਾਸ਼ਟਰੀ ਇੱਕ ਜ਼ਿਲ੍ਹਾ ਇੱਕ ਉਤਪਾਦ ਪੁਰਸਕਾਰ 2024' ਲਈ ਰਾਜ ਸ਼੍ਰੇਣੀ 'ਚ ਸੋਨੇ ਦਾ ਤਮਗਾ ਜਿੱਤਿਆ ।

- ਜਲੰਧਰ ਦਿਹਾਤੀ ਪੁਲਿਸ ਨੇ ਵਿਸ਼ਵ ਪ੍ਰਸਿੱਧ ਦੌੜਾਕ ਫੌਜਾ ਸਿੰਘ ਦੀ ਸੜਕ ਹਾਦਸੇ 'ਚ ਮੌਤ ਦੇ ਮਾਮਲੇ ਵਿਚ ਮੁਲਜ਼ਮ ਨੂੰ ਕਾਰ ਸਮੇਤ ਕੀਤਾ ਗ੍ਰਿਫ਼ਤਾਰ।

ਹੁਣ ਖਬਰਾਂ ਵਿਸਥਾਰ ਨਾਲ.....

-------------------------------------------------

ਕੇਂਦਰੀ ਮੰਤਰੀ ਮੰਡਲ ਨੇ ਖੇਤੀਬਾੜੀ ਉਤਪਾਦਕਤਾ ਵਧਾਉਣ ਲਈ ਪ੍ਰਧਾਨ ਮੰਤਰੀ ਧਨ ਧਾਨਯ  ਕ੍ਰਿਸ਼ੀ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਏ । ਇਸ ਯੋਜਨਾ ਦਾ ਉਦੇਸ਼ ਫਸਲ ਵਿਭਿੰਨਤਾ ਅਤੇ ਪਾਏਦਾਰ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ, ਵਾਢੀ ਤੋਂ ਬਾਅਦ ਭੰਡਾਰ ਸਮਰੱਥਾ ਵਧਾਉਣਾ, ਸਿੰਚਾਈ ਸਹੂਲਤਾਂ ਵਿੱਚ ਸੁਧਾਰ ਕਰਨਾ ਅਤੇ ਕਰਜ਼ੇ ਦੀ ਉਪਲਬਧਤਾ ਨੂੰ ਆਸਾਨ ਬਣਾਉਣਾ ਏ । ਅੱਜ ਨਵੀਂ ਦਿੱਲੀ ਵਿੱਚ  ਮੰਤਰੀ ਮੰਡਲ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਇਸ ਯੋਜਨਾ ਦੇ ਤਹਿਤ, ਦੇਸ਼ ਦੇ 100 ਜ਼ਿਲ੍ਹਿਆਂ ਦੀ ਪਛਾਣ ਕੀਤੀ ਜਾਵੇਗੀ । BYTE:RNU160725

-------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਮੀਨ ਹੇਠਲੇ ਪਾਣੀ ਨੂੰ ਬਚਾਉਣ ਅਤੇ ਵਾਤਾਵਰਨ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਲੋਕਾਂ ਨੂੰ ਹਲਫ਼ ਲੈਣ ਦਾ ਸੱਦਾ ਦਿੱਤਾ ਏ । ਕਪੂਰਥਲਾ ਦੇ ਸੁਲਤਾਨਪੁਰ ਲੋਧੀ ਸਥਿਤ ਪਵਿੱਤਰ ਕਾਲੀ ਵੇਂਈ ਦੀ ਸਫ਼ਾਈ ਦੀ 25ਵੀਂ ਵਰ੍ਹੇਗੰਢ ਸਬੰਧੀ ਕਰਵਾਏ ਸਮਾਰੋਹ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਪੰਜਾਬ ਨੂੰ ਦਰਿਆਵਾਂ ਦੀ ਧਰਤੀ ਵਜੋਂ ਜਾਣਿਆ ਜਾਂਦਾ ਏ ਪਰ ਮੌਜੂਦਾ ਸਮੇਂ ਸੂਬਾ ਗੰਭੀਰ ਜਲ ਸੰਕਟ ਦਾ ਸਾਹਮਣਾ ਕਰ ਰਿਹਾ ਏ , ਜਿਸ ਲਈ ਪਾਣੀ ਦੀ ਸੰਭਾਲ ਵੱਡੀ ਚੁਣੌਤੀ ਬਣ ਰਹੀ ਏ । BYTE: ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਾਣੀ ਤੇ ਵਾਤਾਵਰਨ ਦੀ ਸੰਭਾਲ ਨੂੰ ਲੋਕ ਲਹਿਰ ਵਿੱਚ ਬਦਲਣ ਲਈ ਸੂਬਾ ਸਰਕਾਰ ਦਾ ਸਾਥ ਦੇਣ । ਮੁੱਖ ਮੰਤਰੀ ਨੇ ਕਿਹਾ ਕਿ 165 ਕਿਲੋਮੀਟਰ ਲੰਮੀ ਕਾਲੀ ਵੇਂਈ ਦੀ ਸਫ਼ਾਈ ਦੀ ਇਸ ਮਿਸਾਲੀ ਪਹਿਲਕਦਮੀ ਨਾਲ ਹਵਾ ਤੇ ਪਾਣੀ ਨੂੰ ਬਚਾਉਣ ਦੀ ਅਹਿਮੀਅਤ ਬਾਰੇ ਵਿਸ਼ਵ ਵਿੱਚ ਮਜ਼ਬੂਤ ਸੁਨੇਹਾ ਗਿਆ ਏ । ਇਸ ਮੌਕੇ ਉੱਘੇ ਵਾਤਾਵਰਨ ਪ੍ਰੇਮੀ ਤੇ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਸੂਬੇ ਦੇ ਹੋਰਨਾਂ ਪ੍ਰਦੂਸ਼ਿਤ ਦਰਿਆਵਾਂ ਦੀ ਸਫਾਈ ਵੀ ਛੇਤੀ ਕੀਤੀ ਜਾਵੇਗੀ । BYTE:

---------------------------------------------------

ਬਾਲ ਵਿਆਹ ਰੋਕੂ ਮੁਹਿੰਮ ਤਹਿਤ ਬੀਤੇ ਦਿਨੀਂ ਗੁਰਦਾਸਪੁਰ ਜ਼ਿਲ੍ਹੇ ਵਿੱਚ ਬਾਲ ਵਿਆਹ ਦੇ ਦੋ ਮਾਮਲੇ ਰੋਕੇ ਗਏ । ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਵਿਭਾਗ, ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਬਾਲ ਭਲਾਈ ਕਮੇਟੀਆਂ ਅਤੇ ਚਾਈਲਡ ਹੈਲਪ ਲਾਈਨ ਟੀਮਾਂ ਵੱਲੋਂ ਪਿੰਡ ਸਹਾਣੇ ਚੱਕ ਅਤੇ ਗਾਧੀਆਂ ਪਨਿਆੜ ਵਿਖੇ ਤੇਜ਼ ਅਤੇ ਤਾਲਮੇਲ ਵਾਲੀ ਕਾਰਵਾਈ ਕਰਕੇ ਇਹ ਦੋਵੇਂ ਬਾਲ ਵਿਆਹ ਰੁਕਵਾਏ ਗਏ। ਡਾ. ਬਲਜੀਤ ਕੌਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬਾਲ ਵਿਆਹ ਰੋਕੂ ਐਕਟ 2006 ਦੇ ਤਹਿਤ 18 ਸਾਲ ਤੋਂ ਘੱਟ ਉਮਰ ਦੀ ਲੜਕੀ ਅਤੇ 21 ਸਾਲ ਤੋਂ ਘੱਟ ਉਮਰ ਦੇ ਲੜਕੇ ਦਾ ਵਿਆਹ ਸਜ਼ਾਯੋਗ ਅਪਰਾਧ ਏ । ਯੋਜਨਾਬੱਧ ਵਿਆਹਾਂ ਦੀ ਜਾਣਕਾਰੀ ਮਿਲਣ 'ਤੇ ਤੁਰੰਤ ਦਖਲ ਅੰਦਾਜ਼ੀ ਕੀਤੀ ਗਈ ਅਤੇ ਦੋਵਾਂ ਪਰਿਵਾਰਾਂ ਨੂੰ ਕਾਨੂੰਨੀ ਨਿਯਮਾਂ, ਬੱਚਿਆਂ ਦੀ ਸਿਹਤ, ਸਿੱਖਿਆ ਅਤੇ ਭਵਿੱਖ 'ਤੇ ਬਾਲ ਵਿਆਹ ਦੇ ਨੁਕਸਾਨ ਬਾਰੇ ਵਿਸਥਾਰ ਨਾਲ ਸਮਝਾਇਆ ਗਿਆ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਪੰਜਾਬ ਨੂੰ ਇਕ ਪ੍ਰਗਤੀਸ਼ੀਲ ਅਤੇ ਬੱਚਿਆਂ ਲਈ ਸੁਖਮਈ ਭਵਿੱਖ ਵਾਲਾ ਰਾਜ ਬਣਾਇਆ ਜਾਵੇਗਾ। ਡਾ. ਬਲਜੀਤ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ

ਕਿ ਉਹ ਜਾਗਰੂਕ ਰਹਿਣ ਅਤੇ ਆਪਣੇ ਆਸ-ਪਾਸ ਜੇਕਰ ਕਿਸੇ ਵੀ ਬਾਲ ਵਿਆਹ ਦੀ ਜਾਣਕਾਰੀ ਮਿਲੇ ਤਾਂ ਤੁਰੰਤ  ਚਾਈਲਡ ਹੈਲਪ ਲਾਈਨ 1098 ਜਾਂ ਨਜ਼ਦੀਕੀ ਪੁਲਿਸ ਸਟੇਸ਼ਨ ਨੂੰ ਸੂਚਿਤ ਕਰਨ।

--------------------------------------------------

ਪੰਜਾਬ ਨੂੰ ਵੱਕਾਰੀ ਰਾਸ਼ਟਰੀ ਇੱਕ ਜ਼ਿਲ੍ਹਾ ਇੱਕ ਉਤਪਾਦ ਪੁਰਸਕਾਰ 2024 ਵਿੱਚ ਰਾਜ ਸ਼੍ਰੇਣੀ ਵਿੱਚ ਸੋਨੇ ਤਮਗਾ ਪ੍ਰਾਪਤ ਹੋਇਆ ਏ ।ਪੰਜਾਬ ਦੇ ਉਦਯੋਗ ਤੇ ਵਣਜ  ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਇਸ ਪੁਰਸਕਾਰ ਦਾ ਐਲਾਨ 14 ਜੁਲਾਈ ਨੂੰ ਨਵੀਂ ਦਿੱਲੀ  ਵਿਖੇ ਉਦਯੋਗ ਮੰਤਰੀ  ਪੀਯੂਸ਼ ਗੋਇਲ ਦੁਆਰਾ "ਇੱਕ ਜ਼ਿਲ੍ਹਾ ਇੱਕ ਉਤਪਾਦ" ਪਹਿਲਕਦਮੀ ਅਧੀਨ ਜ਼ਿਲ੍ਹਾ-ਵਿਸ਼ੇਸ਼ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਵਿੱਚ ਪੰਜਾਬ ਦੀ ਉੱਤਮਤਾ ਅਤੇ ਨਵੀਨਤਾ ਨੂੰ ਮਾਨਤਾ ਦਿੰਦਿਆਂ ਕੀਤਾ ਗਿਆ ਸੀ।  ਸੰਜੀਵ ਅਰੋੜਾ ਨੇ ਦੱਸਿਆ ਕਿ ਇਹ ਸ਼ਾਨਦਾਰ ਪ੍ਰਾਪਤੀ ਉਦਯੋਗ ਤੇ ਵਣਜ ਵਿਭਾਗ ਦੇ ਅਣਥੱਕ ਯਤਨਾਂ, ਸਮਰਪਣ ਅਤੇ ਟੀਮ ਵਰਕ ਨੂੰ ਦਰਸਾਉਂਦੀ ਏ । ਇੱਕ ਜ਼ਿਲ੍ਹਾ ਇੱਕ ਉਤਪਾਦ ਪਹਿਲਕਦਮੀ ਅਧੀਨ ਪੰਜਾਬ ਦੇ ਸਰਬੋਤਮ ਅਭਿਆਸਾਂ ਨੂੰ ਦਰਸਾਉਂਦੀ ਇਹ ਪੇਸ਼ਕਾਰੀ ਇੱਕ ਜ਼ਿਲ੍ਹਾ ਇੱਕ ਉਤਪਾਦ ਪੁਰਸਕਾਰ 2024 ਦੌਰਾਨ ਉਦਯੋਗ ਤੇ ਵਣਜ ਵਿਭਾਗ ਦੇ ਸਕੱਤਰ ਕਮਲ ਕਿਸ਼ੋਰ ਯਾਦਵ ਦੁਆਰਾ ਦਿੱਤੀ ਗਈ। ਇਸ ਪੇਸ਼ਕਾਰੀ

ਦੌਰਾਨ ਜ਼ਿਲ੍ਹਾ-ਅਧਾਰਤ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਅਤੇ ਕਾਰੋਬਾਰ ਕਰਨਾ ਸੁਖਾਲਾ ਬਣਾਉਣ ਸਬੰਧੀ ਪੰਜਾਬ ਦੇ ਪ੍ਰਗਤੀਸ਼ੀਲ ਅਤੇ ਟਿਕਾਊ ਯਤਨਾਂ ਨੂੰ ਉਜਾਗਰ ਕੀਤਾ ਗਿਆ।

---------------------------------------------------------------

ਜ਼ਿਲ੍ਹਾ ਜਲੰਧਰ ਦਿਹਾਤੀ ਪੁਲਿਸ ਨੇ ਵਿਸ਼ਵ ਪ੍ਰਸਿੱਧ ਦੌੜਾਕ ਫੌਜਾ ਸਿੰਘ ਦੀ ਸੜਕ ਹਾਦਸੇ ਵਿੱਚ ਹੋਈ ਮੌਤ ਦੇ ਮਾਮਲੇ ਵਿੱਚ ਮੁਲਜ਼ਮ ਨੂੰ ਕਾਰ ਸਮੇਤ 30 ਘੰਟਿਆਂ ਦੇ ਅੰਦਰ ਗ੍ਰਿਫ਼ਤਾਰ ਕੀਤਾ । ਸੀਨੀਅਰ ਪੁਲਿਸ ਕਪਤਾਨ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ 114 ਸਾਲਾ ਕੌਮਾਂਤਰੀ ਦੌੜਾਕ ਫੌਜਾ ਸਿੰਘ 14 ਜੁਲਾਈ ਨੂੰ ਬਾਅਦ ਦੁਪਹਿਰ ਕਰੀਬ ਸਵਾ 3 ਵਜੇ ਘਰੋਂ ਸੈਰ ਕਰਨ ਲਈ ਨਿਕਲੇ ਸਨ। ਉਨ੍ਹਾਂ ਦੱਸਿਆ ਕਿ ਜੀ.ਟੀ. ਰੋਡ ਬਿਆਸ ਪਿੰਡ ਵਿਖੇ ਅਣਪਛਾਤਾ ਵਾਹਨ ਚਾਲਕ ਲਾਪ੍ਰਵਾਹੀ ਅਤੇ ਤੇਜ਼ ਰਫਤਾਰੀ ਕਾਰ ਨਾਲ ਉਨ੍ਹਾਂ ਵਿੱਚ ਪਿੱਛਿਓਂ ਟੱਕਰ ਮਾਰਕੇ ਮੌਕੇ ਤੋਂ ਕਰ ਸਮੇਤ ਫਰਾਰ ਹੋ ਗਿਆ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਗੈਰ ਇਰਾਦਤਨ ਕਤਲ ਦੀਆਂ ਸਖ਼ਤ ਧਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ। ਪੁਲਿਸ ਨੇ ਐਸ.ਐਸ.ਪੀ. ਨੇ ਦੱਸਿਆ ਕਿ ਸੀ.ਸੀ.ਟੀ.ਵੀ. ਕੈਮਰਿਆਂ ਦੀ ਜਾਂਚ ਤੇ ਤਫਤੀਸ਼ ਦੌਰਾਨ ਦਾਸਪੁਰ ਵਾਸੀ ਕਾਰ ਚਾਲਕ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਉਸ ਦੀ ਕਾਰ ਨੂੰ ਕਬਜ਼ੇ

ਵਿੱਚ ਲੈ ਲਿਆ ਏ। ਮੁਲਜ਼ਮ ਅੰਮ੍ਰਿਤਪਾਲ ਸਿੰਘ ਨੂੰ ਅਦਾਲਤ ਵਿਚ ਪੇਸ਼ ਕੀਤਾ ਜਾ ਰਿਹਾ ਏ।

------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਨਸ਼ਟ ਕੀਤੇ ਨੇ। ਬਾਡਰ ਰੇਂਜ ਦੇ ਡੀ.ਆਈ.ਜੀ ਨਾਨਕ ਸਿੰਘ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਕਪਤਾਨ ਪੁਲਿਸ ਮਨਿੰਦਰ ਸਿੰਘ ਤੇ ਅੰਮ੍ਰਿਤਸਰ ਦਿਹਾਤੀ ਦੀ ਡਰੱਗ ਡਿਸਪੋਜਲ ਕਮੇਟੀ ਵੱਲੋ ਅੱਜ ਖੰਨਾ ਪੇਪਰ ਮਿਲ ਵਿਖੇ ਨਸ਼ੀਲੇ ਪਦਾਰਥ ਨਸ਼ਟ ਕੀਤੇ ਗਏ। ਇਨਾ ਵਿਚ 78 ਕਿੱਲੋ ਤੋਂ ਵੱਧ ਹੈਰੋਇਨ 1 ਕਿੱਲੋ 840 ਗ੍ਰਾਮ ਆਈਸ ਡਰੱਗ, 11,000 ਨਸ਼ੀਲੀਆ ਗੋਲੀਆ ਤੇ 1 ਕਿੱਲੋ 430 ਗ੍ਰਾਮ ਭੁੱਕੀ ਚੂਰਾ ਪੋਸਤ ਸ਼ਾਮਿਲ ਏ।

------------------------------------------------

ਗੁਰਦਾਸਪੁਰ ਦੇ ਪਿੰਡ ਡੀਡਾ ਸਾਂਸੀਆ ਵਿਖੇ ਯੁੱਧ ਨਸ਼ਿਆਂ ਵਿਰੁੱਧ ਅਭਿਆਨ ਦੇ ਤਹਿਤ ਨਸ਼ਾ ਤਸਕਰ ਰਾਜਨ ਉਰਫ ਲਾਡੀ ਦੀ ਗੈਰ ਕਾਨੂੰਨੀ ਜਾਇਦਾਦ ਨੂੰ ਢਾਹਿਆ ਗਿਆ। ਰਾਜਨ ਖਿਲਾਫ ਨਸ਼ਾ ਤਸਕਰੀ ਦੇ 12 ਮਾਮਲੇ ਦਰਜ ਨੇ ਅਤੇ ਇਸ ਵੇਲੇ ਵੀ ਉਹ ਨਸ਼ਾ ਤਸਕਰੀ ਦੇ ਦੋਸ਼ ਹੇਠ ਜੇਲ ਵਿੱਚ ਬੰਦ ਏ ਇਸ ਦੀ ਪਤਨੀ ਤੇ ਵੀ 5

ਨਸਾ ਤਸਕਰੀ ਦੇ ਮਾਮਲੇ  ਦਰਜ ਨੇ। DSP ਰਜਿੰਦਰ ਮਿਨਹਾਸ ਨੇ ਦੱਸਿਆ ਕੇ ਇਨ੍ਹਾਂ ਤਸਕਰਾਂ ਨੇ ਨਹਿਰੀ ਵਿਭਾਗ ਦੀ ਜਮੀਨ ਤੇ ਨਜਾਇਜ਼ ਕਬਜੇ ਕਰਕੇ ਆਪਣੇ ਘਰ ਬਣਾਏ ਹੋਏ ਸਨ। ਉਨ੍ਹਾਂ ਕਿਹਾ ਕੇ ਪਿੰਡ ਵਿੱਚ ਹੋਰਨਾਂ ਨਸ਼ਾ ਤਸਕਰਾਂ ਖਿਲਾਫ ਵੀ ਬਣਦੀ ਕਾਰਵਾਈ ਕੀਰੀ ਜਾਵੇਗੀ

-----------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪਟਿਆਲਾ ਜ਼ਿਲ੍ਹੇ 'ਚ ਪਰਾਲੀ ਨੂੰ ਸਾੜਨ ਦੇ ਮਾਮਲਿਆਂ 'ਤੇ ਰੋਕ ਲਾਉਣ ਲਈ ਬਣਾਈ ਗਈ ਰਣਨੀਤੀ ਨੂੰ ਲਾਗੂ ਕਰਨ ਸਬੰਧੀ ਸਮੁੱਚੀ ਪ੍ਰਸ਼ਨਿਕ ਮਸ਼ੀਨਰੀ ਨੂੰ ਹੁਣੇ ਤੋ ਹੀ ਚੌਕਸ ਕਰ ਦਿੱਤਾ ਏ । ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਜਿਹੜੇ 114 ਪਿੰਡਾਂ 'ਚ ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਦੀ ਖਰੀਦ ਨਹੀਂ ਕੀਤੀ ਜਾ ਸਕੀ, ਉਥੇ ਵੀ ਤੁਰੰਤ ਮਸ਼ੀਨਰੀ ਪਹੁੰਚਾਈ ਜਾਵੇ। ਉਨ੍ਹਾਂ ਨੇ ਖੇਤੀਬਾੜੀ ਵਿਭਾਗ ਵੱਲੋਂ ਕੀਤੀ ਗਈ ਸਿਫ਼ਾਰਸ਼ ਤਹਿਤ ਸਹਿਕਾਰੀ ਸਭਾਵਾਂ ਵੱਲੋਂ ਮੰਗੀ ਗਈ ਵਾਧੂ ਮਸ਼ੀਨਰੀ ਮੰਗਵਾਉਣ ਲਈ ਤੁਰੰਤ ਕਾਰਵਾਈ ਕਰਨ ਦੀ ਹਦਾਇਤ ਕੀਤੀ। ਡਿਪਟੀ ਕਮਿਸ਼ਨਰ ਐਸ.ਡੀ.ਐਮਜ਼ ਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਮਾਣਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ ਤਹਿਤ ਹਵਾ ਗੁਣਵੱਤਾ

ਮੋਨੀਟਰਿੰਗ ਕਮਿਸ਼ਨ ਦੇ ਨਿਰਦੇਸ਼ਾਂ ਦੀ ਪਾਲਣਾ ਇੰਨ-ਬਿੰਨ ਤੇ ਸਖਤੀ ਨਾਲ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਪਿੰਡਾਂ 'ਚ ਤਾਇਨਾਤ ਕੀਤੇ ਜਾਣ ਵਾਲੇ ਪਿੰਡ ਪੱਧਰ ਤੇ ਕਲਸਟਰ ਪੱਧਰ ਦੇ ਨੋਡਲ ਅਫ਼ਸਰਾਂ ਦੀਆਂ ਹੁਣੇ ਤੋਂ ਹੀ ਸੂਚੀਆਂ ਬਣਾ ਲਈਆਂ ਜਾਣ ਅਤੇ ਪਰਾਲੀ ਪ੍ਰੋਟੈਕਸ਼ਨ ਫੋਰਸ ਦੀ 50 ਕਿਸਾਨਾਂ 'ਤੇ ਤਾਇਨਾਤੀ ਲਈ ਮੈਪਿੰਗ ਕਰ ਲਈ ਜਾਵੇ।

-----------------------------------------------------

ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਦਾ ਸ਼ਹੀਦੀ ਦਿਹਾੜਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਗਿਆਨੀ ਰਾਜਦੀਪ ਸਿੰਘ ਨੇ ਸੰਗਤ ਨੂੰ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਜੀ ਨੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ ’ਤੇ ਚਲਦਿਆਂ, ਸਿੱਖੀ ਕੇਸਾਂ ਸਵਾਸਾਂ ਨਾਲ ਨਿਭਾਈ, ਜਿਨ੍ਹਾਂ ਦਾ ਜੀਵਨ ਸਾਡੇ ਲਈ ਪ੍ਰੇਰਨਾ ਸਰੋਤ ਏ ।

---

ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸਾਉਣ ਮਹੀਨੇ ਦੀ ਸੰਗਰਾਂਦ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਤੇ ਸਮਾਜਿਕ ਭਲਾਈ ਮੰਚ ਮੰਚ ਮੰਨਵੀ ਮਲੇਰਕੋਟਲਾ ਦੇ ਸਹਿਯੋਗ ਨਾਲ ਸੰਗਤਾਂ ਨੂੰ ਬੂਟੇ ਵੰਡੇ ਗਏ । ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਵਿੰਦਰ ਸਿੰਘ ਨੇ ਕਿਹਾ ਕਿ ਦਿਨ ਪ੍ਰਤੀ ਦਿਨ ਗੰਧਲੇ ਹੋ ਰਹੇ ਵਾਤਾਵਰਣ ਨੂੰ ਸੰਭਾਲਣ ਲਈ ਸੰਗਤਾਂ ਨੂੰ ਛਾਂਦਾਰ ਅਤੇ ਫਲਦਾਰ ਬੂਟੇ ਵੰਡੇ ਗਏ ਤੇ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਸੰਗਤਾਂ ਨੂੰ ਪ੍ਰੇਰਿਤ ਕੀਤਾ ਗਿਆ ਏ।

---

ਅੰਮ੍ਰਿਤਸਰ ਸਥਿਤ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਤੋਂ ਗੁਰਬਾਣੀ ਕੀਰਤਨ ਦੇ ਸਿੱਧੇ ਪ੍ਰਸਾਰਨ ਦੀ ਸ਼ੁਰੂਆਤ ਕੀਤੀ ਗਈ ਏ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਵਲੋਂ ਆਪਣਾ ਅਧਿਕਾਰਤ ਯੂਟਿਊਬ ਚੈਨਲ ਸਥਾਪਿਤ ਕੀਤਾ ਗਿਆ, ਜਿਸ ਦਾ ਰਸਮੀ ਤੌਰ ’ਤੇ ਉਦਘਾਟਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਅੱਜ ਪ੍ਰਮੁੱਖ ਸਖਸ਼ੀਅਤਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਸੰਗਤ ਦੀ ਵੱਡੀ ਮੰਗ ਨੂੰ ਵੇਖਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਰਜ਼ ’ਤੇ ਗੁਰਦਆਰਾ

ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਤੋਂ ਗੁਰਬਾਣੀ ਕੀਰਤਨ ਦਾ ਸਿੱਧਾ ਪ੍ਰਸਾਰਨ ਸ਼ੁਰੂ ਕਰਨ ਦੀ ਪਹਿਲਕਦਮੀ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਇੱਕ ਵੱਖਰਾ ਯੂਟਿਊਬ ਚੈਨਲ "ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਆਫੀਸ਼ੀਅਲ" ਸਥਾਪਤ ਕੀਤਾ ਗਿਆ ਏ। ਇਸ ਚੈਨਲ 'ਤੇ ਅੰਮ੍ਰਿਤ ਵੇਲੇ ਤੋਂ ਲੈ ਕੇ ਰਾਤ ਤੱਕ ਸੰਗਤਾਂ ਗੁਰਬਾਣੀ ਕੀਰਤਨ ਸੁਣ ਸਕਣਗੀਆਂ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਹੋਰ ਗੁਰਦੁਆਰਾ ਸਾਹਿਬਾਨ ਤੋਂ ਵੀ ਜਲਦੀ ਹੀ ਗੁਰਬਾਣੀ ਕੀਰਤਨ ਸੰਗਤ ਤੀਕ ਪਹੁੰਚਾਉਣ ਦੇ ਕਾਰਜ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿਚ ਪ੍ਰਦੂਸ਼ਿਤ ਹੋ ਰਹੇ ਪਾਣੀ ਨੂੰ ਬਚਾਉਣਾ ਸਮੇਂ ਦੀ ਲੋੜ ਏ। ਮੁਖ ਮੰਤਰੀ ਨੇ ਕਿਹਾ ਇਸ ਲਈ ਸਾਨੂ ਸਾਰਿਆਂ ਨੂੰ ਮਿਲਕੇ ਕੇ ਉਪਰਾਲਾ ਕਰਨਾ ਹੋਵੇਗਾ ਕੇ ਅਸੀਂ ਜਿਥੇ ਵੀ ਮੌਕਾ ਮਿਲੇਗਾ ਪਾਣੀ ਨੂੰ ਗੰਧਲਾ ਹੋਣ ਤੋਂ ਬਚਾਵਾਂਗੇ। ਮੁਖ ਮੰਤਰੀ ਅੱਜ ਕਪੂਰਥਲਾ ਜ਼ਿਲੇ ਦੇ ਸੁਲਤਾਨਪੁਰ ਲੋਧੀ ਸਥਿਤ ਪਵਿੱਤਰ ਵੇਈਂ ਕਾਰ ਸੇਵਾ ਦੇ 25 ਵਰ੍ਹੇ ਪੂਰੇ ਹੋਣ ਦੇ ਜਸ਼ਨਾਂ ਵਿੱਚ ਸ਼ਿਰਕਤ ਕਰਨ ਮੌਕੇ ਸਬੋਧਨ ਕਰ ਰਹੇ ਸਨ ।

---------------------------------------------------

ਸਰਕਾਰ ਨੇ ਸੰਸਦ ਦੇ ਮਾਨਸੂਨ ਇਜਲਾਸ  ਤੋਂ ਪਹਿਲਾਂ ਐਤਵਾਰ ਨੂੰ

ਇੱਕ ਸਰਬ ਪਾਰਟੀ ਮੀਟਿੰਗ ਬੁਲਾਈ ਏ । ਇਸ ਮੀਟਿੰਗ ਦੌਰਾਨ, ਸਰਕਾਰ ਸੰਸਦ ਦੇ ਦੋਵਾਂ ਸਦਨਾਂ ਦੇ ਸੁਚਾਰੂ ਕੰਮਕਾਜ ਲਈ ਸਾਰੀਆਂ ਰਾਜਨੀਤਿਕ ਪਾਰਟੀਆਂ ਤੋਂ ਸਹਿਯੋਗ ਮੰਗੇਗੀ। ਮਾਨਸੂਨ ਇਜਲਾਸ ਇਸ ਮਹੀਨੇ ਦੀ 21 ਤਰੀਕ ਤੋਂ ਅਗਲੇ ਮਹੀਨੇ ਦੀ 21 ਤਰੀਕ ਤੱਕ ਚੱਲੇਗਾ। ਇਸ ਇਜਲਾਸ ਦੌਰਾਨ, ਕਈ ਮਹੱਤਵਪੂਰਨ ਬਿੱਲਾਂ 'ਤੇ ਚਰਚਾ ਅਤੇ ਉਨ੍ਹਾਂ ਪਾਸ ਹੋਣ ਦੀ ਸੰਭਾਵਨਾ ਏ ।

---------------------------------------------------------

ਚੀਫ਼ ਆਫ਼ ਡਿਫੈਂਸ ਸਟਾਫ਼ - ਜਨਰਲ ਅਨਿਲ ਚੌਹਾਨ ਨੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ, ਪਾਕਿਸਤਾਨ ਨੇ ਡਰੋਨ ਅਤੇ ਹੋਰ ਮਾਨਵ ਰਹਿਤ ਹਥਿਆਰ ਪ੍ਰਣਾਲੀਆਂ ਦੀ ਵਰਤੋਂ ਕੀਤੀ, ਜਿਨ੍ਹਾਂ ਨੂੰ ਭਾਰਤੀ ਹਥਿਆਰਬੰਦ ਬਲਾਂ ਨੇ ਬੇਅਸਰ ਕਰ ਦਿੱਤਾ । ਨਵੀਂ ਦਿੱਲੀ ਵਿੱਚ ਮਾਨਵ ਰਹਿਤ ਹਵਾਈ ਵਾਹਨਾਂ ਅਤੇ ਕਾਊਂਟਰ-ਯੂ.ਏ.ਐਸ ਸਵਦੇਸ਼ੀਕਰਨ 'ਤੇ ਇੱਕ ਵਰਕਸ਼ਾਪ ਨੂੰ ਸੰਬੋਧਨ ਕਰਦੇ ਹੋਏ, ਜਨਰਲ ਚੌਹਾਨ ਨੇ ਕਿਹਾ ਕਿ ਪਾਕਿਸਤਾਨ ਦੇ ਕਿਸੇ ਵੀ ਡਰੋਨ ਨੇ ਭਾਰਤ ਦੇ ਫੌਜੀ ਜਾਂ ਨਾਗਰਿਕ ਬੁਨਿਆਦੀ ਢਾਂਚੇ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਇਆ । ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਨੇ, ਸਵਦੇਸ਼ੀ ਰੱਖਿਆ ਦੇ ਮਾਨਵ ਰਹਿਤ ਹਵਾਈ ਪ੍ਰਣਾਲੀਆਂ ਦੀ ਤਾਇਨਾਤੀ ਦੀ ਮਹੱਤਤਾ ਨੂੰ ਪ੍ਰਗਟ ਕੀਤਾ ।ਜਨਰਲ ਚੌਹਾਨ ਨੇ ਕਿਹਾ ਕਿ ਦੇਸ਼ ਨੂੰ ਆਪਣੀ ਸੁਰੱਖਿਆ ਲਈ ਰੱਖਿਆ ਖੇਤਰ

ਵਿੱਚ ਨਿਵੇਸ਼ ਅਤੇ ਨਿਰਮਾਣ 'ਤੇ ਵਧੇਰੇ ਧਿਆਨ ਕੇਂਦਰਿਤ ਕਰਨਾ ਪਵੇਗਾ।BYTE:

---------------------------------------------------------------

ਈਰਾਨ ਵਿੱਚ ਭਾਰਤੀ ਦੂਤਾਘਰ ਨੇ ਭਾਰਤੀ ਨਾਗਰਿਕਾਂ ਨੂੰ ਈਰਾਨ ਦੀ ਬੇਲੋੜੀ ਯਾਤਰਾ ਤੋਂ ਬਚਣ ਲਈ ਕਿਹਾ ਏ। ਈਰਾਨ ਵਿੱਚ ਵਧਦੀਆਂ ਸੁਰੱਖਿਆ ਚਿੰਤਾਵਾਂ ਦੇ ਵਿਚਕਾਰ ਇਹ ਸਲਾਹ ਜਾਰੀ ਕੀਤੀ ਗਈ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਦੂਤਾਘਰ ਨੇ ਭਾਰਤੀ ਨਾਗਰਿਕਾਂ ਨੂੰ ਈਰਾਨ ਦੀ ਯਾਤਰਾ ਕਰਨ ਤੋਂ ਪਹਿਲਾਂ ਸਥਿਤੀ ਦੀ ਧਿਆਨ ਨਾਲ ਨਜ਼ਰ ਰੱਖਣ ਅਤੇ ਭਾਰਤੀ ਅਧਿਕਾਰੀਆਂ ਵਲੋਂ ਜਾਰੀ ਕੀਤੀਆਂ ਗਈਆਂ ਅਪਡੇਟ ਕੀਤੀਆਂ ਸਲਾਹਾਂ ਵੱਲ ਵੀ ਧਿਆਨ ਦੇਣ ਲਈ ਕਿਹਾ ਏ। ਇਸ ਵੇਲੇ ਈਰਾਨ ਵਿੱਚ ਰਹਿ ਰਹੇ ਅਤੇ ਘਰ ਵਾਪਸ ਜਾਣ ਦੇ ਚਾਹਵਾਨ ਭਾਰਤੀ ਨਾਗਰਿਕਾਂ ਨੂੰ ਵਪਾਰਕ ਉਡਾਣਾਂ ਅਤੇ ਹੋਰ ਵਿਕਲਪਾਂ ਦੀ ਮਦਦ ਲੈਣ ਦੀ ਸਲਾਹ ਦਿੱਤੀ ਗਈ ਏ।

---------------------------------------------------------------

FATF ਨੇ ਕਿਹਾ ਕਿ ਪੈਸੇ ਦੀ ਦੁਰਵਰਤੋਂ ਦਹਿਸ਼ਤਗਰਦੀ ਨੂੰ ਸਮਰਥਨ ਦੇਣ, ਗੈਰ-ਕਾਨੂੰਨੀ ਕਮਾਈ ਜਾਂ ਵਿਸ਼ਵ ਸ਼ਾਂਤੀ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਗਤੀਵਿਧੀਆਂ ਨੂੰ ਛੁਪਾਉਣ ਲਈ ਕੀਤੀ ਜਾ ਸਕਦੀ ਹੈ। ਸੰਸਥਾ ਨੇ ਜ਼ੋਰ ਦੇ ਕੇ ਕਿਹਾ ਕਿ ਦੁਨੀਆ ਦੇ ਵਿੱਤੀ ਪ੍ਰਣਾਲੀਆਂ ਦੀ ਰੱਖਿਆ

ਲਈ, FATF ਦੁਨੀਆ ਭਰ ਦੇ ਦੇਸ਼ਾਂ ਨਾਲ ਮਿਲ ਕੇ ਕੰਮ ਕਰਦਾ ਏ । FATF ਨੇ ਇਸ ਸਾਲ ਜੂਨ ਅਤੇ ਜੁਲਾਈ ਵਿੱਚ ਪ੍ਰਕਾਸ਼ਿਤ ਆਪਣੀਆਂ ਦੋ ਰਿਪੋਰਟਾਂ ਨੂੰ ਵੀ ਉਜਾਗਰ ਕੀਤਾ ਜੋ "ਗੁੰਝਲਦਾਰ ਵਿੱਤ ਪ੍ਰਸਾਰ ਅਤੇ "ਅੱਤਵਾਦੀਆਂ ਨੂੰ ਫੰਡ ਦੇਣ ਦੇ ਜੋਖਮ" ਨਾਲ ਸਬੰਧਤ ਹਨ। FATF ਨੇ ਕਿਹਾ ਕਿ ਪਹਿਲੀ ਰਿਪੋਰਟ ਵਿਆਪਕ ਤੌਰ 'ਤੇ ਉੱਨਤ ਤਰੀਕਿਆਂ ਨੂੰ ਕਵਰ ਕਰਦੀ ਹੈ, ਜਿਸ ਵਿੱਚ ਪਾਬੰਦੀਸ਼ੁਦਾ ਵਿਅਕਤੀਆਂ ਅਤੇ ਸੰਸਥਾਵਾਂ ਦੀ ਪਛਾਣ ਛੁਪਾਉਣ ਲਈ ਲਾਭਕਾਰੀ ਮਾਲਕੀ ਜਾਣਕਾਰੀ ਦੀ ਹੇਰਾਫੇਰੀ, ਵਰਚੁਅਲ ਸੰਪਤੀਆਂ ਅਤੇ ਕ੍ਰਿਪਟੋਕਰੰਸੀਆਂ ਦੀ ਦੁਰਵਰਤੋਂ, ਅਤੇ ਅੰਤਰਰਾਸ਼ਟਰੀ ਨਿਯਮਾਂ ਦੀ ਉਲੰਘਣਾ ਕਰਨ ਲਈ ਸਮੁੰਦਰੀ ਡੋਮੇਨਾਂ ਅਤੇ ਸ਼ਿਪਿੰਗ ਉਦਯੋਗਾਂ ਦਾ ਲਾਭ ਉਠਾਉਣਾ ਸ਼ਾਮਲ ਏ । ਇਸ ਦੌਰਾਨ, ਭਾਰਤ ਦੁਆਰਾ ਪੇਸ਼ ਕੀਤੇ ਗਏ ਇੱਕ ਮਾਮਲੇ ਦੇ ਅਧਿਐਨ ਨੇ ਦੱਖਣੀ ਏਸ਼ੀਆਈ ਖੇਤਰ ਵਿੱਚ ਪ੍ਰਸਾਰ ਸੰਬੰਧੀ ਚਿੰਤਾਵਾਂ ਨੂੰ ਉਜਾਗਰ ਕੀਤਾ ਜੋ ਪਾਕਿਸਤਾਨ ਦੇ ਸਰਕਾਰੀ ਮਾਲਕੀ ਵਾਲੇ ਰਾਸ਼ਟਰੀ ਵਿਕਾਸ ਕੰਪਲੈਕਸ ਤੋਂ ਪੈਦਾ ਹੁੰਦੀਆਂ ਹਨ, ਜਿਸ 'ਤੇ ਪ੍ਰਸਾਰ ਵਿੱਤ ਸੰਬੰਧੀ ਚਿੰਤਾਵਾਂ ਦੇ ਕਾਰਨ ਕਈ ਦੇਸ਼ਾਂ ਵਿੱਚ ਪਾਬੰਦੀ ਏ । ਇਸ ਵਿੱਚ ਕਿਹਾ ਗਿਆ ਏ ਕਿ ਪਾਕਿਸਤਾਨ ਪ੍ਰਸਾਰ ਵਿੱਤ ਲਈ ਖੇਤਰ ਵਿੱਚ ਇੱਕ ਉੱਚ-ਜੋਖਮ ਵਾਲਾ ਸਥਾਨ ਬਣਿਆ ਹੋਇਆ ਏ ।

---

-------------

ਭਾਰਤ ਅਤੇ ਇੰਗਲੈਂਡ ਦੀਆਂ ਮਹਿਲਾ ਕ੍ਰਿਕਟ ਟੀਮਾਂ ਵਿਚਕਾਰ ਤਿੰਨ ਮੈਚਾਂ ਦੀ ਇੱਕ ਰੋਜ਼ਾ ਲੜੀ ਦਾ ਪਹਿਲਾ ਮੈਚ ਅੱਜ ਸਾਊਥੈਂਪਟਨ ਵਿੱਚ ਖੇਡਿਆ ਜਾ ਰਿਹਾ ਏ । ਇਹ ਲੜੀ ਇਸ ਸਾਲ ਦੇ ਅਖੀਰ ਵਿੱਚ ਭਾਰਤ ਵਿੱਚ ਹੋਣ ਵਾਲੇ ਇੱਕ ਰੋਜ਼ਾ ਮਹਿਲਾ ਕ੍ਰਿਕਟ ਵਿਸ਼ਵ ਕੱਪ ਲਈ ਭਾਰਤ ਦੀਆਂ ਤਿਆਰੀਆਂ ਦੀ ਸ਼ੁਰੂਆਤ ਏ। ਭਾਰਤ ਨੇ ਹਾਲ ਹੀ ਵਿੱਚ ਪਹਿਲੀ ਵਾਰ ਇੰਗਲੈਂਡ ਵਿੱਚ ਟਵੈਂਟੀ-ਟਵੈਂਟੀ ਲੜੀ ਜਿੱਤੀ ਏ । ਹਰਮਨਪ੍ਰੀਤ ਕੌਰ ਦੀ ਅਗਵਾਈ ਵਿੱਚ, ਭਾਰਤ ਨੇ ਪੰਜ ਮੈਚਾਂ ਦੀ ਟੀ-20 ਲੜੀ ਵਿੱਚ ਇੰਗਲੈਂਡ ਨੂੰ 3-2 ਨਾਲ ਹਰਾਇਆ। ਲੜੀ ਦਾ ਦੂਜਾ ਮੈਚ ਸ਼ਨੀਵਾਰ ਨੂੰ ਲਾਰਡਜ਼ ਵਿੱਚ ਖੇਡਿਆ ਜਾਵੇਗਾ ਅਤੇ ਤੀਜਾ ਅਤੇ ਆਖਰੀ ਮੈਚ 22 ਜੁਲਾਈ ਨੂੰ ਚੈਸਟਰ-ਲੇ-ਸਟ੍ਰੀਟ ਵਿੱਚ ਖੇਡਿਆ ਜਾਵੇਗਾ।

-----------------------------------------------------

ਭਾਰਤੀ ਤਕਨੋਲੋਜੀ ਸੰਸਥਾਨ ਰੋਪੜ ਦਾ 14ਵਾਂ ਕਨਵੋਕੇਸ਼ਨ ਸਮਾਗਮ ਅੱਜ ਕਰਵਾਇਆ ਗਿਆ। ਇੰਡੀਅਨ ਆਇਲ ਕਾਰਪੋਰੇਸ਼ਨ ਲਿਮਿਟਡ ਦੇ ਸਾਬਕਾ ਚੇਅਰਮੈਨ ਸ਼੍ਰੀਕਾਂਤ ਮਾਧਵ ਵੈਦਿਆ ਇਸ ਮੌਕੇ ਮੁੱਖ ਮਹਿਮਾਨ ਵਜੋਂ  ਸ਼ਾਮਿਲ ਹੋਏ। ਆਈ.ਆਈ.ਟੀ ਰੋਪੜ ਦੇ ਡਾਇਰੈਕਟਰ ਪ੍ਰੋਫੈਸਰ ਰਾਜੀਵ ਆਹੂਜਾ ਨੇ ਸੰਸਥਾਨ ਦੀ ਮੌਜੂਦਾ ਕਾਰਗੁਜ਼ਾਰੀ ਤੇ ਚਾਨਣਾ ਪਾਇਆ ਗਿਆ ।  ਸ੍ਰੀਕਾਤ ਵੈਦਿਆ ਨੇ ਆਈਆਈਟੀ ਦੇ

ਵਿਦਿਆਰਥੀਆਂ ਨੂੰ ਆਪਣੇ ਟੀਚੇ  ਦੀ ਪ੍ਰਾਪਤੀ ਦੇ ਲਈ  ਲਈ ਪ੍ਰੇਰਿਆ। ਇਸ ਮੌਕੇ ਗ੍ਰੈਜੂਏਟ ਬੈਚ 2025 ਦੇ ਵਿਦਿਆਰਥੀਆਂ ਨੂੰ ਪੀ.ਐਚ.ਡੀ  ਦੇ ਨਾਲ ਨਾਲ ਵੱਖ-ਵੱਖ ਅਕਾਦਮਿਕ ਬੈਚ ਦੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਦਿੱਤੀਆਂ ਗਈਆਂ।

-------------------------------------------------------

- ਕੇਂਦਰੀ ਮੰਤਰੀ ਮੰਡਲ ਨੇ ਖੇਤੀਬਾੜੀ ਉਤਪਾਦਕਤਾ ਵਧਾਉਣ ਲਈ ਪ੍ਰਧਾਨ ਮੰਤਰੀ ਧਨ ਧਾਨਯ  ਕ੍ਰਿਸ਼ੀ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਮੀਨ ਹੇਠਲੇ ਪਾਣੀ ਨੂੰ ਬਚਾਉਣ ਅਤੇ ਵਾਤਾਵਰਨ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਲੋਕਾਂ ਨੂੰ ਹਲਫ਼ ਲੈਣ ਦਾ ਸੱਦਾ ਦਿੱਤਾ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੁਹਾਲੀ ਵਿਖੇ ਨਸ਼ਾ ਵਿਰੋਧੀ ਸੈਮੀਨਾਰ ਵਿੱਚ ਸ਼ਿਰਕਤ ਕਰਦਿਆਂ ਨੌਜਵਾਨਾਂ ਨੂੰ, ਨਸ਼ਿਆਂ ਖਿਲਾਫ ਅੱਗੇ ਆਉਣ ਲਈ ਪ੍ਰੇਰਿਆ ।

- ਪੰਜਾਬ ਨੇ ਵੱਕਾਰੀ ‘ਰਾਸ਼ਟਰੀ ਇੱਕ ਜ਼ਿਲ੍ਹਾ ਇੱਕ ਉਤਪਾਦ ਪੁਰਸਕਾਰ 2024’ ਲਈ ਰਾਜ ਸ਼੍ਰੇਣੀ ‘ਚ ਸੋਨੇ ਦਾ ਤਮਗਾ ਜਿੱਤਿਆ ।

- ਜਲੰਧਰ ਦਿਹਾਤੀ ਪੁਲਿਸ ਨੇ ਵਿਸ਼ਵ ਪ੍ਰਸਿੱਧ ਦੌੜਾਕ ਫੌਜਾ ਸਿੰਘ ਦੀ ਸੜਕ ਹਾਦਸੇ ’ਚ ਮੌਤ ਦੇ ਮਾਮਲੇ ਵਿਚ ਮੁਲਜ਼ਮ ਨੂੰ ਕਾਰ ਸਮੇਤ ਕੀਤਾ ਗ੍ਰਿਫ਼ਤਾਰ।

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਪ੍ਰਦੇਸ਼ਕ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 6 ਵੱਜਕੇ 20 ਮਿੰਟ 'ਤੇ ਨਮਸਕਾਰ !**